# ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈਸਿ) ਮਾਨਸਾ।

ਹੁਕਮ ਨੰ:22/24-2018/ਅ-2/
ਮਿਤੀ ਮਾਨਸਾ-

ਸ੍ਰੀ ਕੈਲਾਸ ਅੰਮ੍ਰਿਤ,ਮਾਲੀ, ਸਰਕਾਰੀ ਸੈਕੰਡਰੀ ਸਕੂਲ (ਕੰ) ਸਰਦੂਲਗੜ੍ਹ,ਜਿਲ੍ਹਾ ਮਾਨਸਾ ਦੀ ਰਿਟਾਇਰਮੈਂਟ ਮਿਤੀ 30.10.2018 ਹੈ,ਜਿਸਦੇ ਸੇਵਾਕਾਲ ਵਿੱਚ ਮਿਤੀ 01.11.2018 ਤੋ 30.10.2019 ਤੱਕ ਇੱਕ ਸਾਲ (ਪਹਿਲਾ ਸਾਲ) ਦਾ ਵਾਧਾ ਦਿੱਤਾ ਗਿਆ ਹੈ।ਪੰਜਾਬ ਸਰਕਾਰ ਦੇ ਪੱਤਰ ਨੰ:22/2/2012-3 ਐਫ.ਪੀ.2/257 ਮਿਤੀ 30.10.2015 ਵਿੱਚ ਦਰਜ ਹਦਾਇਤਾਂ/Terms and condition ਦੇ ਸਨਮੁੱਖ ਹੇਠ ਲਿਖੀਆਂ ਸ਼ਰਤਾਂ ਤਹਿਤ ਦਿੱਤਾ ਜਾਂਦਾ ਹੈ।

1. ਸੇਵਾਕਾਲ ਦੇ ਵਾਧੇ ਲਈ ਅਧਿਕਾਰੀ/ਕਰਮਚਾਰੀ ਨੂੰ ਪੰਜਾਬ ਸਰਕਾਰ ਦੇ ਪੱਤਰ ਨੰ:22/2/2013 ਐਫ.ਪੀ.2/257 ਮਿਤੀ 30.10.2015 ਵਿੱਚ ਦਰਜ ਸਾਰੀਆਂ ਸ਼ਰਤਾਂ ਅਤੇ Terms and condition ਮੰਨਜ਼ੂਰ ਹੋਣ।
2. ਵਧੇ ਹੋਏ ਸੇਵਾਕਾਲ ਦੌਰਾਨ ਸਬੰਧੀ ਅਧਿਕਾਰੀ/ਕਰਮਚਾਰੀ ਦੀ ਤਨਖਾਹ ਅਤੇ ਹੋਰ ਲਾਭਾਂ ਬਾਰੇ ਪੰਜਾਬ ਸਰਕਾਰ ਦੀ ਨੋਟੀਫਿਕੇਸਨ ਨੰ:GSR 57 AND 58 / CONST/ Art.309/ amd/ 2015 dated. 30.10.2015 ਪੂਰੀ ਤਰ੍ਹਾ ਲਾਗੂ ਹੋਵੇਗੀ, ਜਿਸ ਅਨੁਸਾਰ ਵਧੇ ਹੋਏ ਸੇਵਾਕਾਲ ਦੌਰਾਨ ਅਧਿਕਾਰੀ/ਕਰਮਚਾਰੀ ਨੂੰ ਤਰੱਕੀ,ਏ.ਸੀ.ਪੀ.ਲਾਭ,ਸਾਲਾਨਾ ਵਾਧਾ ਅਤੇ ਸਰਕਾਰ ਵਲੋ ਸੋਧੇ ਹੋਏ ਤਨਖਾਹ ਸਕੇਲ ਨਹੀ ਦਿੱਤੇ ਜਾਣਗੇ।
3. ਪੰਜਾਬ ਸਰਕਾਰ (ਵਿੱਤ ਵਿਭਾਗ ਵਿੱਤ ਪ੍ਰਸੋਨਲ-2 ਸ਼ਾਖਾ) ਦੇ ਪੱਤਰ ਨੰ:22/2/2012-3 ਐਫ.ਪੀ.2/83 ਮਿਤੀ 30.04.2015 ਦੇ ਪੈਰਾ ਨੰ:2 ਵਿੱਚ ਦਰਜ ਸ਼ਰਤਾਂ ਦੇ ਸਨਮੁੱਖ ਇਹ ਅਧਿਕਾਰੀ/ਕਰਮਚਾਰੀ ਸੇਵਾਕਾਲ ਦੇ ਵਾਧੇ ਲਈ ਯੋਗ ਹੋਵੇਗਾ।
4. ਜੇਕਰ ਸੇਵਾਕਾਲ ਦੇ ਵਾਧੇ ਦੌਰਾਨ ਅਧਿਕਾਰੀ/ਕਰਮਚਾਰੀ ਵਲੋ ਕੋਈ ਗੰਭੀਰ ਕੋਤਾਹੀ ਕੀਤੀ ਜਾਂਦੀ ਹੈ ਜਾਂ ਪਹਿਲਾ ਕੀਤੀ ਕੋਈ ਗੰਭੀਰ ਕੋਤਾਹੀ ਨੋਟਿਸ ਵਿੱਚ ਆਉਂਦੀ ਹੈ ਤਾਂ ਉਸ ਵਿਰੁੱਧ ਪੰਜਾਬ ਸਿਵਲ ਸੇਵਾਵਾਂ (ਸ਼ਜਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 8 ਅਧੀਨ ਵਿਭਾਗੀ ਕਾਰਵਾਈ ਤੋ ਇਲਾਵਾ ਉਸਦੇ ਸੇਵਾਕਾਲ ਦੇ ਵਾਧੇ ਨੂੰ ਫੌਰੀ ਤੌਰ ਤੇ ਬਿਨਾਂ ਕਿਸੇ ਨੋਟਿਸ ਦੇ ਵਾਪਿਸ ਲਿਆ ਜਾ ਸਕਦਾ ਹੈ।
5. ਸਬੰਧਤ ਕਰਮਚਾਰੀ ਨੂੰ ਸੇਵਾ ਨਿਵਿਰਤੀ ਉਪਰੰਤ ਮਿਲਣਯੋਗ ਸਾਰੇ ਪੈਨਸਨੀ ਲਾਭ ਉਸਦੇ ਸੇਵਾਕਾਲ ਵਿੱਚ ਕੀਤੇ ਵਾਧੇ ਦੀ ਸਮਾਪਤੀ ਹੋਣ ਉਪਰੰਤ ਹੀ ਮਿਲਣਯੋਗ ਹੋਣਗੇ।
6. ਜੇਕਰ ਕਰਮਚਾਰੀ ਦੀ ਪੈਨਸਨ ਮਹਾਂ ਲੇਖਾਕਾਰ ਪੰਜਾਬ ਤੋ ਪ੍ਰਵਾਨਗੀ ਉਪਰੰਤ ਆਪਦੇ ਅਧੀਨ ਦਫਤਰ ਵਿਖੇ ਪ੍ਰਾਪਤ ਹੋ ਗਈ ਹੋਵੇ ਤਾਂ ਪੈਨਸਨੀ ਲਾਭਾਂ ਦੀ ਅਦਾਇਗੀ ਤੁਰੰਤ ਰੋਕ ਦਿੱਤੀ ਜਾਵੇ।
7. ਕਰਮਚਾਰੀ ਉਕਤ ਦੱਸੀਆਂ ਹਦਾਇਤਾਂ ਅਤੇ ਸਰਕਾਰ ਵਲੋ ਸਮੇ ਸਮੇ ਤੇ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ।
8. ਪੰਜਾਬ ਸਰਕਾਰ ਵਿੱਤ ਵਿਭਾਗ ਦੇ ਪੱਤਰ ਨੰ:22/2/2012-3 ਐਫ.ਪੀ.2/15 ਮਿਤੀ 23.01.2015 ਅਨੁਸਾਰ ਸਬੰਧਤ ਅਧਿਕਾਰੀ/ਕਰਮਚਾਰੀ ਵਲੋ ਲਿਆ ਗਿਆ ਇਹ ਆਪਸ਼ਨ ਵਾਧਾ ਕਿਸੇ ਵੀ ਸਮੇ ਕੋਈ ਵੀ ਕਾਰਨ ਕਰਕੇ ਵਾਪਿਸ ਲਿਆ ਜਾ ਸਕਦਾ ਹੈ।
9. ਜੇਕਰ ਕਿਸੇ ਵੇਲੇ ਵੀ ਕੋਈ ਤੱਥ ਗਲਤ ਪਾਇਆ ਗਿਆ ਜਾਂ ਅਧਿਕਾਰੀ/ਕਰਮਚਾਰੀ ਵਿਰੁੱਧ ਚੱਲ ਰਹੀ ਵਿਭਾਗੀ ਇੰਨਕੁਆਰੀ/ਵਿਜੀਲੈਂਸ ਕੇਸ ਜਾਂ ਕ੍ਰਿਮੀਨਲ ਕੇਸ ਬਾਰੇ ਤੁਰੰਤ ਸੂਚਨਾ ਨਾ ਭੇਜੀ ਗਈ ਤਾਂ ਇਸਦੀ ਨਿਰੋਲ ਜਿੰਮੇਵਾਰੀ ਸਬੰਧਤ ਸਕੂਲ ਮੁਖੀ ਦੀ ਹੋਵੇਗੀ।

ਜਿਲ੍ਹਾ ਸਿੱਖਿਆ ਅਫਸਰ (ਸੈਸਿ)
ਮਾਨਸਾ।

ਪਿੰਠ:ਅੰ:ਨੰ: ਉਕਤ 6372 ਮਿਤੀ ਮਾਨਸਾ 28.9.18

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1 ਡਾਇਰੈਕਟਰ,ਸਿੱਖਿਆ ਵਿਭਾਗ (ਸੈਸਿ) ਪੰਜਾਬ,ਅਜੀਤਗੜ੍ਹ।
2 ਪ੍ਰਿੰਸੀਪਲ ਸਸਸਸ (ਕੰ) ਸਰਦੂਲਗੜ੍ਹ।
3 ਸਬੰਧਤ ਕਰਮਚਾਰੀ।

ਜਿਲ੍ਹਾ ਸਿੱਖਿਆ ਅਫਸਰ (ਸੈਸਿ)
ਮਾਨਸਾ।

Scanned with CamScanner